# ENGLISH TRANSLATION

Office of the District Education Officer (Elementary Ed.), Amritsar

Letter No. SSA/RTE/2015/517

Dated 29/9/2015

To, The Manager/Chairman/President

DIPS School

Rajpur, Butala (Amritsar)

NOTARY
RAJINDER PAL
ADVOCATE
GOVT. OF INDIA

**Subject: School's Recognition Letter for the purpose of Children's Free and compulsory Education Right Rules, Sub. Rule(4) under Rule II of 2011; and Children's free and compulsory education Right , Act 2009, under Article -18**

Sir/Madam

I response to your self-declaration submitted with the request letter and the checking report made by the checking committee, DIPS school, Rajpur, Butala, is granted recognition from classes Pre-primary to 8th Class till March,2016

This recognition /approval is subject to the following conditions;

1. This approval /recognition is not subject to extension or expansion and under no condition it should be concluded that the approval of classes higher there the 8th class will be compulsory or assured.
2. The school will implement the School children's free compulsory Education Right, Act-2009(Table-1) and children's Free and compulsory Education Right,2011 (Table-2) in accordance with all sub-sections.
3. 25% of the total strength of the first standard(or the pre-school class) whichever is applicable ) will be reserved for the Children of unprivileged/ poor families of the surrounding areas, and the free and compulsory education cell will monitor it till the fulfilment of this aim.
4. Under Article 12, sub-article(2) of the Act children covered under Paragraph-3 of school, expenses of children will be reimbursed. To claim his reimbursement the school will maintain a separate Bank A/C.
5. The institutions/School shall not charge any capitation fee, and will not adopt any method for the surplus selection of a child or his/her parents.

Translated Copy of The Document Produced
ATTESTED
Notary Jalandhar (Pb.) India

1 9 MAY 2016

6. If a child approached during the extended time for admission, the school shall not deny admission for want of date of birth certificate or on the basis of religion/caste/place of birth and shall abide by the sub-section of article 15 of the Act.
   The school will be ensure:
   (a) No student will be retained in the same class, or rusticated from the school till the completion of his/her primary education.
   (b) No physical punishment or mental harassment will be caused to any student.
   (c) NO child will be required to clear any board examination till the completion of primary education.
   (d) Every child will be issued a certificate under Rule-21 on completion of primary level education.
   (e) Admission to handicapped or children with special needs according to sub-rules of the Act.
   (f) It is compulsory for teachers that they should fulfil the qualification requirements under Article 23(i)! Those who do not meet the criteria of minimum qualification but are working in the school as per the implementation of the Act on April 1,2010 will have to acquire the minimum on April 1,2010) will have to acquire the minimum laid down qualification within 5 years from the date of introduction of the Act.
   (g) The teachers will perform their duties and responsibilities as shown in Article 24(i) of the Act.
   (h) Teachers will not indulge in taking private tuitions
7. Schools will follow the syllabus decided by competent authority with regards to subjects of study.
8. The school shall meet the conditions and standards laid down under articles-19 of the act.
   The following facilities were found in place at the time of the last checking of the school :
   (a) The total enclosed area of the school 87820 sq. feet and the built up area of school building is 30304 sq feet. The school has 13C thirteen) trained teachers and one head of the school.
   (b) The school is managed by a society whose Registration n. is 1607.
   (c) The school uses T.L.M. Punjabi, and Black Board have been provided.
   (d) The school has boundary wall, furniture, electricity and water supply and ventilated building.
   (e) The number of class rooms was found compatible with eth number of students. Office for the principal provided and the school has 11 lavatories (04 for girls and 07 for boys)
   (f) The school has a library with 1157 books.
   (g) Number of working days is more than 220 and plants and trees adorn the school. The school has good arrangement of sports equipment and play grounds. Record related to teachers is complete.
   (h) The school is in possession of building safety and Fire safety certificates. School is equipped with fire safety material. The school land is on lease and it can be accessed/reached without and hurdle. Income report by C.A was available.

NOTARY
RAJINDER PAL
ADVOCATE
JALANDHAR (PB.) INDIA
GOVT. OF INDIA

Translated Copy of The Document Produced
ATTESTED

Notary Jalandhar (Pb.) India

19 MAY 2016

9. No unrecognized class/course will be sun in the school building or outside it under the same name of the school.
10. The school building or other construction and grounds will be for academics development only.
11. The school is being run under school societies Regd. Act 1860(21 of 1860) by the registered society or lawfully constituted Trust under rules.
12. The school is not working for private , group of individuals or organization for making benefits.
13. The accounts should be got audited by a registered charted accountant and statement of accounts will be drawn as per rules. A copy of the accounts statement/ table will have to be submitted to the D.E.O. every year.
14. The approval / recognition code of your school is R.T.E. Amritsar-01580979. Please not it , and quote/mention it in all correspondence with this office.
15. The school will provide all information asked for by the Director or D.E.O. at any time, and will fulfill all Govt./Local authority conditions for approval/recognition and such as one issued with regard to the making up of deficiencies in the working of the school
16. Ensure the renewal of registration of the school if required.
17. The school/Institutions will the under obligation to abide by all rules and condition laid down by R.T.W. Act6-209. In case of any violation of the Articles/Rules of R.T.E. Act, the school will be de-recognized.

Sd/-

D.E.O.(Elementary Edu.)

Amritsar

NOTARY RAJINDER PAL ADVOCATE JALANDHAR (PB.) INDIA GOVT. OF INDIA

Mandeep Singh ( Legal Assistant )

SukhrajKaur ( Data Entry Operator )

Translated Copy of The Document Produced
ATTESTED
Notary Jalandhar (Pb.) India
19 MAY 2016

# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਅੰਮ੍ਰਿਤਸਰ

ਪੱਤਰ ਨੰ:ਸਸਅ/ਆਰ.ਟੀ.ਈ/2015/517 ਮਿਤੀ: 29/9/15

ਵੱਲ:

ਮੈਨੇਜਰ / ਚੇਅਰਮੈਨ / ਪ੍ਰਧਾਨ

ਡਿਪਸ ਸਕੂਲ

ਰਾਜਪੁਰ, ਬੁਤਾਲਾ

ਅੰਮ੍ਰਿਤਸਰ ।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਨਾਲ ਦਾਖਲ ਸਵੈ-ਘੋਸਣਾ ਅਤੇ ਨਿਰੀਖਕ ਕਮੇਟੀ ਵਲੋਂ ਦਿੱਤੀ ਗਈ ਸਕੂਲ ਦੀ ਨਿਰੀਖਣ ਰਿਪੋਰਟ ਨੂੰ ਮੁੱਖ ਰੱਖਦੇ ਹੋਏ ਡਿਪਸ ਸਕੂਲ, ਰਾਜਪੁਰ, ਬੁਤਾਲਾ, ਨੂੰ ਜਮਾਤ ਪ੍ਰੀ-ਪ੍ਰਾਇਮਰੀ ਤੋਂ ਜਮਾਤ ਅਠਵੀਂ ਲਈ ਮਾਰਚ 2016 ਤੱਕ ਮਾਨਤਾ ਦਿੱਤੀ ਜਾਂਦੀ ਹੈ।

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਤੋਂ ਉਪਰਲੀਆਂ ਜਮਾਤਾਂ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।

2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।

3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।

4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।

5. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪ੍ਰਸਤ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।

6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ, ਜੇਕਰ ਬੱਚੇ ਵਲੋਂ ਦਾਖਲਾ ਲੈਣ ਲਈ ਬਾਅਦ ਵਿੱਚ ਵਧਾਏ ਗਏ ਸਮੇਂ ਦੌਰਾਨ ਪਹੁੰਚ ਕੀਤੀ ਜਾਂਦੀ ਹੈ, ਧਰਮ/ਜਾਤੀਵਾਦ/ਜਨਮ ਸਥਾਨ ਜਾਂ ਹੋਰ ਕੋਈ ਕਾਰਨ ਕਰਕੇ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-ੳ.) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।ਅ.) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।ੲ.) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।ਸ.) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 21 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ। ਹ.) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ।ਕ.) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ, ਪ੍ਰੰਤੂ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਦੇ ਲਾਗੂ ਹੋਣ ਸਮੇਂ ਮਿਤੀ 1 ਅਪ੍ਰੈਲ 2010 ਨੂੰ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਨਹੀਂ ਕਰਦੇ,ਉਹ ਐਕਟ ਲਾਗੂ ਹੋਣ ਤੋਂ 5 ਸਾਲ ਦੇ ਅੰਦਰ ਅੰਦਰ ਘੱਟੋ-ਘੱਟ ਵਿਦਿਅਕ ਯੋਗਤਾ ਪ੍ਰਾਪਤ ਕਰਨਗੇ।ਖ.) ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ ।ਗ.) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸਰੂਫ ਨਹੀਂ ਰੱਖਣਗੇ।

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ। ਪਿਛਲੀ ਪੜਤਾਲ ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ:-

ੳ.) ਸਕੂਲ ਦੀ ਚਾਰਦੀਵਾਰੀ ਅੰਦਰ ਕੁੱਲ ਰਕਬਾ 87820 sqft ਹੈ ਅਤੇ ਇਮਾਰਤ ਅਧੀਨ ਖੇਤਰ 30304 sqft ਹੈ ਅਤੇ ਸਕੂਲ ਵਿਚ 13 ਟ੍ਰੇਂਡ ਅਧਿਆਪਕ ਅਤੇ 01 ਸਕੂਲ ਮੁੱਖੀ ਹੈ । ਅ.) ਸੋਸਇਟੀ ਬਣੀ ਹੋਈ ਹੈ। ਜਿਸਦਾ ਰਜਿਸਟ੍ਰੇਸ਼ਨ ਨੰ 1607 ਹੈ। ੲ.) ਸਕੂਲ ਵਿਚ ਟੀ.ਐਲ.ਐਮ, ਪੰਜਾਬੀ ਭਾਸ਼ਾ ਦੀ ਵਰਤੋਂ ਕੀਤੀ ਜਾਂਦੀ ਹੈ ਅਤੇ ਬਲੈਕ ਬੋਰਡ ਬਣੇ ਹੋਏ ਹਨ। ਸ.) ਸਕੂਲ ਵਿੱਚ ਚਾਰ ਦੀਵਾਰੀ, ਫਰਨੀਚਰ, ਬਿਜਲੀ, ਪਾਣੀ ਅਤੇ ਇਮਾਰਤ ਹਵਾਦਾਰ ਦਾ ਪ੍ਰਬੰਧ ਹੈ। ਹ.) ਬੱਚਿਆਂ ਦੀ ਗਿਣਤੀ ਮੁਤਾਬਿਕ ਜਮਾਤਾਂ ਦੇ ਕਮਰਿਆਂ ਦੀ ਗਿਣਤੀ ਸਹੀ ਪਾਈ ਗਈ ਹੈ, ਸਕੂਲਮੁਖੀ ਦੇ ਕਮਰੇ ਦਾ ਪ੍ਰਬੰਧ ਹੈ ਅਤੇ ਸਕੂਲ ਵਿੱਚ 11 ਪਖਾਨੇ 04 ਲੜਕੀਆਂ ਅਤੇ 07 ਲੜਕਿਆ ਲਈ ਬਣੇ ਹੋਏ ਹਨ। ਕ.) ਸਕੂਲ ਵਿੱਚ ਲਾਇਬ੍ਰੇਰੀ ਅਤੇ 1157 ਕਿਤਾਬਾ ਦਾ ਪ੍ਰਬੰਧ ਹੈ। ਖ.) ਕੰਮਕਾਜ ਦੇ ਕੁਲ ਦਿਨ 220 ਤੋਂ ਵੱਧ ਹਨ, ਪੌੜੇ / ਰਸਤਾ ਲੱਗੇ ਹੋਏ ਹਨ, ਸਕੂਲ ਵਿਚ ਖੇਡ ਦੇ ਮੈਦਾਨ ਅਤੇ ਸਾਮਾਨ ਦਾ ਪ੍ਰਬੰਧ ਹੈ, ਅਧਿਆਪਕਾਂ ਸੰਬੰਧੀ ਰਿਕਾਰਡ ਪੂਰਾ ਹੈ। ਗ.) ਬਿਲਡਿੰਗ ਸੇਫਟੀ ਅਤੇ ਫਾਇਰ ਸੇਫਟੀ ਸਰਟੀਫਿਕੇਟ ਮੌਜੂਦ ਹੈ ।ਫਾਇਰ ਸੇਫਟੀ ਸਾਮਾਨ ਨਾਲ ਲੈਸ ਹੈ, ਸਕੂਲ ਜਿਸ ਜਗ੍ਹਾ ਉੱਪਰ ਚੱਲ ਰਿਹਾ ਉਹ ਪਟੇ ਤੇ ਹੈ, ਸਕੂਲ ਵਿੱਚ ਬਿਨਾਂ ਰੁਕਾਵਟ ਪਹੁੰਚ ਹੈ, ਆਮਦਨ ਸੰਬੰਧੀ ਸੀ.ਏ ਰਿਪੋਰਟ ਮੌਜੂਦ ਹੈ।

9. ਸਕੂਲ ਦੇ ਇਸੇ ਨਾਮ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸ਼ਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਕਿਸੇ ਨਿੱਜੀ , ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।

13. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾਸਾਰਨੀ ਦੀ ਇਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ ਨੂੰ ਭੇਜੀ ਜਾਵੇਗੀ।

14. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ <u>ਆਰ.ਟੀ.ਈ ਅੰਮ੍ਰਿਤਸਰ-01580979</u> ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

15. ਸਕੂਲ ਡਾਇਰੈਕਟਰ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਤੇ ਮੰਗੀ ਗਈ ਸੂਚਨਾਂ ਪੇਸ਼ ਕਰੇਗਾ ਅਤੇ ਪੰਜਾਬ ਸਰਕਾਰ/ਸਥਾਨਕ ਅਥਾਰਟੀ ਦੀਆਂ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

16. ਸੰਸਥਾਂ ਦੀ ਰਜਿਸਟਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

17. ਸਕੂਲ/ਸੰਸਥਾ ਆਰ.ਟੀ.ਈ ਐਕਟ 2009 ਦੀਆਂ ਸਾਰੀਆਂ ਸ਼ਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਦ ਹੋਵੇਗਾ ਅਤੇ ਜੇਕਰ ਸਕੂਲ/ਸੰਸਥਾ ਆਰ.ਟੀ.ਈ ਐਕਟ ਦੇ ਕਿਸੇ ਵੀ ਧਾਰਾ/ਨਿਯਮ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ ।

ਜਿਲ੍ਹਾ ਸਿੱਖਿਆ ਅਫਸਰ (ਐ.ਸਿ),
ਅੰਮ੍ਰਿਤਸਰ।

ਮਨਜੀਤ ਸਿੰਘ (ਸੀਨੀਅਰ ਸਹਾਇਕ)

ਸੁਖਰਾਜ ਕੌਰ (ਡਾਟਾ ਐਂਟਰੀ ਅਪਰੇਟਰ)